ਗੂਜਰੀ ਮਹਲਾ ੫ ਚਉਪਦੇ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਕਿਰਿਆਚਾਰ ਕਰਹਿ ਖਟੁ ਕਰਮਾ ਇਤੁ ਰਾਤੇ ਸੰਸਾਰੀ ॥ ਅੰਤਰਿ ਮੈਲੁ ਨ ਉਤਰੈ ਹਉਮੈ ਬਿਨੁ ਗੁਰ ਬਾਜੀ ਹਾਰੀ ॥੧॥ ਮੇਰੇ ਠਾਕੁਰ ਰਖਿ ਲੇਵਹੁ ਕਿਰਪਾ ਧਾਰੀ ॥ ਕੋਟਿ ਮਧੇ ਕੋ ਵਿਰਲਾ ਸੇਵਕੁ ਹੋਰਿ ਸਗਲੇ ਬਿਉਹਾਰੀ ॥ ੧॥ ਰਹਾਉ ॥ ਸਾਸਤ ਬੇਦ ਸਿਮ੍ਰਿਤਿ ਸਭਿ ਸੋਧੇ ਸਭ ਏਕਾ ਬਾਤ ਪੁਕਾਰੀ ॥ ਬਿਨੁ ਗੁਰ ਮੁਕਤਿ ਨ ਕੋਊ ਪਾਵੈ ਮਨਿ ਵੇਖਹੁ ਕਰਿ ਬੀਚਾਰੀ ॥੨॥ ਅਠਸਠਿ ਮਜਨੁ ਕਰਿ ਇਸਨਾਨਾ ਭ੍ਰਮਿ ਆਏ ਧਰ ਸਾਰੀ ॥ ਅਨਿਕ ਸੋਚ ਕਰਹਿ ਦਿਨ ਰਾਤੀ ਬਿਨੁ ਸਤਿਗੁਰ ਅੰਧਿਆਰੀ ॥੩॥ ਧਾਵਤ ਧਾਵਤ ਸਭੁ ਜਗੁ ਧਾਇਓ ਅਬ ਆਏ ਹਰਿ ਦੁਆਰੀ ॥ ਦੁਰਮਤਿ ਮੇਟਿ ਬੁਧਿ ਪਰਗਾਸੀ ਜਨ ਨਾਨਕ ਗੁਰਮੁਖਿ ਤਾਰੀ ॥ ੪॥੧॥੨॥
{ਪੰਨਾ 495}

ਪਦਅਰਥ:- ਕਿਰਿਆਚਾਰ—ਕਿਰਿਆ ਆਦਾਰ, ਧਾਰਮਿਕ ਰਸਮਾਂ ਦਾ ਕਰਨਾ, ਕਰਮ ਕਾਂਡ। ਕਰਹਿ—ਕਰਦੇ ਹਨ। ਖਟੁ—ਛੇ। ਖਟੁ ਕਰਮਾ—ਛੇ ਧਾਰਮਿਕ ਕੰਮ (ਇਸ਼ਨਾਨ, ਸੰਧਿਆ, ਜਪ, ਹੋਮ, ਅਤਿਥੀ-ਪੂਜਾ, ਦੇਵ-ਪੂਜਾ)। ਇਤੁ—ਇਸ ਆਹਰ ਵਿਚ। ਸੰਸਾਰੀ—ਦੁਨੀਆਦਾਰ।1।

ਠਾਕੁਰ—ਹੇ ਠਾਕੁਰ! ਧਾਰੀ—ਧਾਰਿ, ਧਾਰ ਕੇ। ਕੋਟਿ—ਕ੍ਰੋੜਾਂ। ਮਧੇ—ਵਿਚ। ਹੋਰਿ—{ਲਫ਼ਜ਼ 'ਹੋਰ' ਤੋਂ ਬਹੁ-ਵਚਨ}। ਬਿਉਹਾਰੀ—ਵਪਾਰੀ, ਸੌਦੇ-ਬਾਜ਼, ਮਤਲਬੀ।1। ਰਹਾਉ।

ਸਭਿ—ਸਾਰੇ। ਸੋਧੇ—ਵਿਚਾਰੇ। ਮੁਕਤਿ—(ਮਾਇਆ ਦੇ ਮੋਹ ਤੋਂ) ਖ਼ਲਾਸੀ। ਕੋਊ—ਕੋਈ ਭੀ। ਕਰਿ ਬੀਚਾਰੀ—ਵਿਚਾਰ ਕਰ ਕੇ।2।

ਅਠਸਠਿ—ਅਠਾਹਠ। ਮਜਨੁ—ਇਸ਼ਨਾਨ, ਚੁੱਭੀ। ਭ੍ਰਮਿ—ਭੌਂ ਭੌਂ ਕੇ। ਧਰ—ਧਰਤੀ। ਸੋਚ—ਸੁਚ, ਸਰੀਰਕ ਪਵਿਤ੍ਰਤਾ। ਕਰਹਿ—ਕਰਦੇ ਹਨ। ਅੰਧਿਆਰੀ—ਹਨੇਰਾ।3।

ਧਾਵਤ—ਭੌਂਦਿਆਂ। ਧਾਇਓ—ਭੌਂ ਲਿਆ। ਅਬ—ਹੁਣ। ਹਰਿਦੁਆਰੀ—ਹਰਿ ਦੁਆਰਿ, ਹਰੀ ਦੇ ਦਰ ਤੇ। ਮੇਟਿ—ਮਿਟਾ ਕੇ। ਬੁਧਿ—(ਸੁਚੱਜੀ) ਅਕਲ। ਪਰਗਾਸੀ—ਰੌਸ਼ਨ ਕਰ ਦਿੱਤੀ। ਗੁਰਮੁਖਿ—ਗੁਰੂ ਦੀ ਸਰਨ ਪਾ ਕੇ। ਤਾਰੀ—ਪਾਰ ਲੰਘਾ ਲੈਂਦਾ ਹੈ।4।

ਅਰਥ:- ਹੇ ਮੇਰੇ ਮਾਲਕ-ਪ੍ਰਭੂ! ਕਿਰਪਾ ਕਰ ਕੇ ਮੈਨੂੰ (ਦੁਰਮਤਿ ਤੋਂ) ਬਚਾਈ ਰੱਖ। (ਮੈਂ ਵੇਖਦਾ ਹਾਂ ਕਿ) ਕ੍ਰੋੜਾਂ ਮਨੁੱਖਾਂ ਵਿਚੋਂ ਕੋਈ ਵਿਰਲਾ ਮਨੁੱਖ (ਤੇਰਾ ਸੱਚਾ) ਭਗਤ ਹੈ (ਦੁਰਮਤਿ ਦੇ ਕਾਰਨ) ਹੋਰ ਸਾਰੇ ਮਤਲਬੀ ਹੀ ਹਨ (ਆਪਣੇ ਮਤਲਬ ਦੀ ਖ਼ਾਤਰ ਵੇਖਣ ਨੂੰ ਹੀ ਧਾਰਮਿਕ ਕੰਮ ਕਰ ਰਹੇ ਹਨ)।1। ਰਹਾਉ।

ਹੇ ਭਾਈ! ਦੁਨੀਆਦਾਰ ਮਨੁੱਖ ਕਰਮ-ਕਾਂਡ ਕਰਦੇ ਹਨ, (ਇਸ਼ਨਾਨ, ਸੰਧਿਆ ਆਦਿਕ) ਛੇ (ਪ੍ਰਸਿੱਧ ਮਿਥੇ ਹੋਏ ਧਾਰਮਿਕ) ਕਰਮ ਕਮਾਂਦੇ ਹਨ, ਇਹਨਾਂ ਕੰਮਾਂ ਵਿਚ ਹੀ ਇਹ ਲੋਕ ਪਰਚੇ ਰਹਿੰਦੇ ਹਨ। ਪਰ ਇਹਨਾਂ ਦੇ ਮਨ ਵਿਚ ਟਿਕੀ ਹੋਈ ਹਉਮੈ ਦੀ ਮੈਲ (ਇਹਨਾਂ ਕੰਮਾਂ ਨਾਲ) ਨਹੀਂ ਉਤਰਦੀ। ਗੁਰੂ ਦੀ ਸਰਨ ਪੈਣ ਤੋਂ ਬਿਨਾ ਉਹ ਮਨੁੱਖਾ ਜਨਮ ਦੀ ਬਾਜ਼ੀ ਹਾਰ ਜਾਂਦੇ ਹਨ।1।

ਹੇ ਭਾਈ! ਸਾਰੇ ਸ਼ਾਸਤ੍ਰ, ਸਾਰੇ ਵੇਦ, ਸਾਰੀਆਂ ਸਿਮ੍ਰਤੀਆਂ ਇਹ ਸਾਰੇ ਅਸਾਂ ਪੜਤਾਲ ਕਰ ਕੇ ਵੇਖ ਲਏ ਹਨ, ਇਹ ਸਾਰੇ ਭੀ ਇਹੀ ਇਕੋ ਗੱਲ ਪੁਕਾਰ ਪੁਕਾਰ ਕੇ ਕਹਿ ਰਹੇ ਹਨ, ਕਿ ਗੁਰੂ ਦੀ ਸਰਨ ਆਉਣ ਤੋਂ ਬਿਨਾ ਕੋਈ ਮਨੁੱਖ (ਮਾਇਆ ਦੇ ਮੋਹ ਆਦਿਕ ਤੋਂ) ਖ਼ਲਾਸੀ ਨਹੀਂ ਪਾ ਸਕਦਾ। ਹੇ ਭਾਈ! ਤੁਸੀ ਭੀ ਬੇ-ਸ਼ੱਕ ਮਨ ਵਿਚ ਵਿਚਾਰ ਕਰ ਕੇ ਵੇਖ ਲਵੋ (ਇਹੀ ਗੱਲ ਠੀਕ ਹੈ)।2।

ਹੇ ਭਾਈ! ਲੋਕ ਅਠਾਹਠ ਤੀਰਥਾਂ ਦੇ ਇਸ਼ਨਾਨ ਕਰ ਕੇ, ਤੇ, ਸਾਰੀ ਧਰਤੀ ਤੇ ਭੌਂ ਕੇ ਆ ਜਾਂਦੇ ਹਨ, ਦਿਨ ਰਾਤ ਹੋਰ

ਭੀ ਅਨੇਕਾਂ ਸਰੀਰਕ ਪਵਿਤ੍ਰਤਾ ਦੇ ਸਾਧਨ ਕਰਦੇ ਹਨ। ਪਰ, ਗੁਰੂ ਤੋਂ ਬਿਨਾ ਉਹਨਾਂ ਦੇ ਅੰਦਰ ਮਾਇਆ ਦੇ ਮੋਹ ਦਾ ਹਨੇਰਾ ਟਿਕਿਆ ਰਹਿੰਦਾ ਹੈ।3।

ਹੇ ਨਾਨਕ! (ਆਖ—) ਭੌਂ ਭੌਂ ਕੇ ਸਾਰੇ ਜਗਤ ਵਿਚ ਭੌਂ ਕੇ ਜੇਹੜੇ ਮਨੁੱਖ ਆਖ਼ਰ ਪਰਮਾਤਮਾ ਦੇ ਦਰ ਤੇ ਆ ਡਿੱਗਦੇ ਹਨ, ਪਰਮਾਤਮਾ ਉਹਨਾਂ ਦੇ ਅੰਦਰੋਂ ਦੁਰਮਤਿ ਮਿਟਾ ਕੇ ਉਹਨਾਂ ਦੇ ਮਨ ਵਿਚ ਸੁਚੱਜੀ ਅਕਲ ਦਾ ਪਰਕਾਸ਼ ਕਰ ਦੇਂਦਾ ਹੈ, ਗੁਰੂ ਦੀ ਸਰਨ ਪਾ ਕੇ ਉਹਨਾਂ ਨੂੰ (ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਦੇਂਦਾ ਹੈ।4।1।2।